# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-05-2024**

ਪੰਜਾਬ ਵਿਚ ਲੋਕ ਸਭਾ ਚੋਣਾਂ 2024 ਲਈ ਨਾਮਜ਼ਦਗੀਆਂ ਭਰਨ ਦਾ ਸਿਲਸਿਲਾ ਕਲ ਤੋਂ ਸ਼ੁਰੂ ਹੋ ਗਿਆ ਏ ਅਤੇ 14 ਮਈ ਤੱਕ ਜਾਰੀ ਰਹੇਗਾ । 11 ਅਤੇ 12 ਮਈ ਨੂੰ ਛੁੱਟੀਆਂ ਹੋਣ ਕਰਕੇ ਕਾਗਜ਼ ਜਮ੍ਹਾਂ ਨਹੀਂ ਹੋਣਗੇ । 15 ਮਈ ਨੂੰ ਨਾਮਜ਼ਦਗੀਆਂ ਦੀ ਪੜਤਾਲ ਕੀਤੀ ਜਾਵੇਗੀ ਅਤੇ 17 ਮਈ ਨਾਮਜ਼ਦਗੀ ਵਾਪਸ ਲੈਣ ਦੀ ਅੰਤਿਮ ਤਾਰੀਖ ਏ । ਸੂਬੇ ਦੀਆਂ ਸਾਰੀਆਂ ਹੀ 13 ਲੋਕ ਸਭਾ ਸੀਟਾਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ । ਕਲ ਪਹਿਲੇ ਦਿਨ ਵੱਖ ਵੱਖ ਜ਼ਿਲਿਆਂ ਵਿਚ 13 ਉਮੀਦਵਾਰਾਂ ਵਲੋਂ 15 ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਗਏ ।

------------------------------------------------------------

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਠਿੰਡਾ ਤੋਂ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ

ਖੁਡੀਆਂ ਦੇ ਹੱਕ ਵਿੱਚ ਕਲ ਸ਼ਾਮ ਬਠਿੰਡਾ ਸ਼ਹਿਰ ਵਿਚ ਇਕ ਰੋਡ ਸ਼ੋਅ ਕੀਤਾ। ਇਹ ਰੋਡ ਸ਼ੋਅ ਫਾਇਰ ਬ੍ਰਿਗੇਡ ਚੌਕ ਤੋਂ ਸ਼ੁਰੂ ਹੋਇਆ ਅਤੇ ਸ਼ਹਿਰ ਦੇ ਮੁੱਖ ਧੋਬੀ ਬਾਜ਼ਾਰ ਦੇ ਰਸਤੇ ਲੰਘਦਾ ਹਸਪਤਾਲ ਬਾਜ਼ਾਰ ਵਿਖੇ ਸਮਾਪਤ ਹੋਇਆ। ਇਸ ਦੌਰਾਨ ਸਦਭਾਵਨਾ ਚੌਕ ਵਿੱਚ ਲੋਕਾਂ ਨੂੰ ਸੰਬੋਧਨ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਭ੍ਰਿਸ਼ਟਾਚਾਰ ਖ਼ਤਮ ਕਰਕੇ ਲੋਕਾਂ ਨੂੰ ਸਾਫ ਸੁਥਰੀ ਸਰਕਾਰ ਦਿੱਤੀ ਏ। ਉਨਾਂ ਕਿਹਾ ਕਿ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਨਾਲ ਵਚਨਬੱਧ ਏ।

-------------------------------------------------------------

ਲੁਧਿਆਣਾ ਲੋਕ ਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਰਵਨੀਤ ਬਿੱਟੂ ਨੇ ਕਿਹਾ ਏ ਕਿ ਸੂਬਾ ਸਰਕਾਰ ਵੱਲੋਂ ਨਸ਼ਿਆਂ 'ਤੇ ਕਾਬੂ ਪਾਉਣ ਦੇ ਦਾਅਵਿਆਂ ਦੇ ਬਾਵਜੂਦ ਨਸ਼ਿਆਂ ਦੀ ਖਪਤ ਵੱਧ ਰਹੀ ਏ ਅਤੇ ਪੰਜਾਬ ਵਿੱਚ ਮੰਗ ਵੱਧ ਹੋਣ ਕਾਰਨ ਪਾਕਿਸਤਾਨ ਤੋਂ ਹੋਰ ਨਸ਼ੇ ਧੱਕੇ ਜਾ ਰਹੇ ਨੇ। ਲੁਧਿਆਣਾ ਤੋਂ ਜਾਰੀ ਇੱਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਸੂਬੇ 'ਚ ਨਸ਼ੇ 'ਤੇ ਕਾਬੂ ਪਾਉਣ ਵਿਚ ਪੂਰੀ ਤਰ੍ਹਾਂ ਨਾਲ ਨਾਕਾਮ

ਰਹੀ ਏ । ਉਨ੍ਹਾਂ ਕਿਹਾ ਕਿ ਬੀ.ਐਸ.ਐਫ ਨਸ਼ਾ ਤਸਕਰੀ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਨਜ਼ਰ ਰੱਖ ਰਹੀ ਏ ਜਦਕਿ ਪੰਜਾਬ ਪੁਲਿਸ ਰਾਜ ਵਿਚ ਨਸ਼ਿਆਂ ਦੇ ਕਾਰੋਬਾਰ ਨੂੰ ਵਧਣ-ਫੁੱਲਣ ਲਈ ਕਥਿਤ ਸਿਆਸੀ ਦਬਾਅ ਹੇਠ ਕੰਮ ਕਰ ਰਹੀ ਏ। ਰਵਨੀਤ ਬਿੱਟੂ ਨੇ ਕਿਹਾ ਕਿ ਪ੍ਰਧਾਨਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਹੀ ਸੰਵੇਦਨਸ਼ੀਲ ਸੂਬੇ ਪੰਜਾਬ ਵਿਚ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਨੱਥ ਪਾ ਕੇ ਨੌਜਵਾਨ ਪੀੜੀ ਨੂੰ ਬਚਾ ਸਕਦੇ ਨੇ।

-----------------------------------------------------------

ਚੋਣ ਕਮਿਸ਼ਨ ਵਲੋਂ ਲੋਕ ਸਭਾ ਚੋਣਾਂ ਨੂੰ ਲੈ ਕੇ ਚੋਣ ਜ਼ਾਬਤਾ ਸਖਤੀ ਨਾਲ ਲਾਗੂ ਕਰਨ ਲਈ ਅਨੰਦਪੁਰ ਸਾਹਿਬ ਲੋਕਸਭਾ ਹਲਕੇ ਦੇ ਹਿੱਸੇ ਖਰੜ ਦੇ ਪੇਂਡੂ ਤੇ ਸ਼ਹਿਰੀ ਖੇਤਰਾਂ ਵਿਚ ਸਟੈਟਿੰਗ ਸਰਵਿਲੈਂਸ ਅਤੇ ਫਲਾਇੰਗ ਸੂਕੈਅਡ ਟੀਮ ਦਿਨ ਰਾਤ ਕੰਮ ਕਰ ਰਹੀਆਂ ਨੇ । ਇਨਾਂ ਟੀਮਾਂ ਵਲੋਂ ਉਨ੍ਹਾਂ ਦੇ ਦਫਤਰ ਨੂੰ ਰਿਪੋਰਟਾਂ ਪ੍ਰਾਪਤ ਹੁੰਦੀਆਂ ਨੇ ਤੇ ਉਨ੍ਹਾਂ ਤੇ ਤੁਰੰਤ ਕਾਰਵਾਈ ਕਰਦੇ ਹੋਏ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਨੋਟਿਸ ਭੇਜ ਕੇ

ਜਵਾਬ ਮੰਗਿਆ ਗਿਆ ਏ। ਵਿਧਾਨ ਸਭਾ ਹਲਕਾ ਖਰੜ ਦੇ ਸਹਾਇਕ ਰਿਟਰਨਿੰਗ ਅਫਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਗੁਰਮੰਦਰ ਸਿੰਘ ਨੇ ਦੱਸਿਆ ਕਿ ਹਲਕੇ ਵਿਚ ਹੁਣ ਤੱਕ ਚੋਣ ਜ਼ਾਬਤੇ ਦੀਆਂ ਉਲੰਘਣਾਂ ਸਬੰਧੀ 17 ਰਿਪੋਰਟਾਂ ਪ੍ਰਾਪਤੀਆਂ ਹੋਈਆਂ ਸਨ। ਜਿਸ ਤੋਂ ਬਾਅਦ ਆਮ ਆਦਮੀ ਪਾਰਟੀ ਨੂੰ 5, ਕਾਂਗਰਸ ਪਾਰਟੀ ਨੂੰ 2 ਅਤੇ ਸ੍ਰੋਮਣੀ ਅਕਾਲੀ ਦਲ ਨੂੰ 1 ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਏ। ਉਨ੍ਹਾਂ ਵੱਖ-ਵੱਖ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਹਦਾਇਤਾਂ ਕੀਤੀ ਏ ਕਿ ਉਹ ਚੋਣ ਜਾਬਤੇ ਵਿਚ ਰਹਿ ਕੇ ਹੀ ਆਪਣਾ ਚੋਣ ਪ੍ਰਚਾਰ ਕਰਨ।

---------------------------------------------------------------

ਲੋਕ ਸਭਾ ਚੋਣਾਂ ਦੇ ਮੱਦੇਨਜਰ ਕਪੂਰਥਲਾ ਜ਼ਿਲ੍ਹਾ ਪ੍ਰਸ਼ਾਸਨ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਹਾਜ਼ਰੀ ਵਿੱਚ ਕਲ ਵਿਧਾਨ ਸਭਾ ਹਲਕਾ ਭੁਲੱਥ ਲਈ ਵੋਟਿੰਗ ਮਸ਼ੀਨਾਂ ਸੌਂਪੀਆਂ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਅਮਿਤ ਕੁਮਾਰ ਪੰਚਾਲ ਸਮੇਤ ਸਬੰਧਤ ਅਧਿਕਾਰੀ ਤੇ ਸਿਆਸੀ ਪਾਰਟੀਆਂ ਦੇ ਮੈਂਬਰ ਵੀ ਪ੍ਰਬੰਧਕੀ ਕੰਪਲੈਕਸ ਸਥਿਤ ਵੋਟਿੰਗ ਮਸ਼ੀਨਾਂ ਦੇ ਵੇਅਰਹਾਊਸ ਵਿੱਚ ਮੌਜੂਦ ਰਹੇ। ਅਮਿਤ

ਕੁਮਾਰ ਪੰਚਾਲ ਨੇ ਦੱਸਿਆ ਕਿ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੀ ਇੰਨ-ਬਿਨ ਪਾਲਣਾ ਕਰਦੇ ਹੋਏ ਪ੍ਰਸ਼ਾਸਨ ਵਲੋਂ ਬਣਾਏ ਸ਼ਡਿਊਲ ਅਨੁਸਾਰ ਵੋਟਿੰਗ ਮਸ਼ੀਨਾਂ ਐਸ.ਡੀ.ਐਮਜ਼-ਕਮ-ਸਹਾਇਕ ਰਿਟਰਨਿੰਗ ਅਫ਼ਸਰਾਂ ਨੂੰ ਸੌਂਪੀਆਂ ਜਾ ਰਹੀਆਂ ਨੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮਸ਼ੀਨਾਂ ਨੂੰ ਵਿਧਾਨ ਸਭਾ ਹਲਕਾ ਪੱਧਰ 'ਤੇ ਸਟਰਾਂਗ ਰੂਮ ਵਿੱਚ ਸਟੋਰ ਕੀਤਾ ਜਾਵੇਗਾ ਜਿੱਥੇ ਲੋੜੀਂਦੀ ਨਿਗਰਾਨੀ ਅਤੇ ਸੁਰੱਖਿਆ ਪ੍ਰਬੰਧ ਯਕੀਨੀ ਬਣਾਏ ਗਏ ਨੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਿਆਸੀ ਪਾਰਟੀਆਂ ਦੇ ਮੈਂਬਰ ਵੀ ਈਵੀਐਮਜ਼ ਨੂੰ ਸੌਂਪਣ ਤੋਂ ਲੈ ਕੇ ਵਿਧਾਨ ਸਭਾ ਹਲਕਿਆਂ ਵਿੱਚ ਬਣੇ ਸਟਰਾਂਗ ਰੂਮਜ ਵਿਚ ਸਟੋਰੇਜ ਤੱਕ ਦੀ ਪ੍ਰਕਿਰਿਆ ਨੂੰ ਵੇਖ ਸਕਦੇ ਨੇ।

---------------------------------------------------------------

ਲੋਕ ਸਭਾ ਚੋਣਾਂ ਤਹਿਤ ਵੋਟਰਾਂ ਨੂੰ ਵੋਟ ਪਾਉਣ ਹਿੱਤ ਪ੍ਰੇਰਿਤ ਕਰਨ ਲਈ ਸਵੀਪ ਗਤੀਵਿਧੀ ਅਧੀਨ ਮਲੋਟ ਸ਼ਹਿਰ ਦੇ ਵੱਖ-ਵੱਖ ਬਜ਼ਾਰਾ ਵਿੱਚ ਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ ਦੀ ਸ਼ੁਰੂਆਤ ਐਸ.ਡੀ.ਐਮ. ਅਤੇ ਡੀ ਐਸ ਪੀ ਨੇ ਸਾਈਕਲ ਚਲਾ ਕੇ ਕੀਤੀ

। ਕੋਈ 150 ਦੇ ਕਰੀਬ ਕੁੜੀਆਂ ਨੇ ਸਾਈਕਲ ਚਲਾ ਕੇ ਸ਼ਹਿਰ ਦੇ ਵੋਟਰਾਂ ਨੂੰ ਜਾਗਰੂਕ ਕੀਤਾ ਅਤੇ ਸ਼ਹਿਰ ਦੇ ਵੋਟਰਾਂ ਨੇ ਵੀ ਇਸਦਾ ਭਰਵਾਂ ਸਵਾਗਤ ਕੀਤਾ। ਸਵੀਪ ਨੋਡਲ ਅਫਸਰ ਗੌਰਵ ਭਠੇਜਾ ਸਮੇਤ ਕਈ ਪਤਵੰਤੇ ਇਸ ਮੌਕੇ ਤੇ ਮੌਜੂਦ ਰਹੇ।

---------------------------------------------------------

ਲੁਧਿਆਣਾ ਵਿੱਚ ਚੋਣ ਪ੍ਰਕਿਰਿਆ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਕੁੱਲ 126 ਸਟੈਟਿਕ ਸਰਵੇਲੈਂਸ ਟੀਮਾਂ ਐਸ.ਐਸ.ਟੀ. ਨੇ ਸ਼ਰਾਬ ਅਤੇ ਨਕਦੀ ਦੇ ਆਦਾਨ-ਪ੍ਰਦਾਨ ਦੀ ਨਿਗਰਾਨੀ ਸ਼ੁਰੂ ਕਰ ਦਿੱਤੀ ਏ । ਇਨ੍ਹਾਂ ਟੀਮਾਂ ਵੱਲੋਂ ਕਿਸੇ ਵੀ ਸ਼ੱਕੀ ਗਤੀਵਿਧੀ 'ਤੇ ਨਜ਼ਰ ਰੱਖਣ ਲਈ ਵਿਸ਼ੇਸ਼ ਨਾਕੇ ਲਗਾਏ ਹੋਏ ਨੇ। ਲੁਧਿਆਣਾ ਜ਼ਿਲੇ ਦੇ ਹਰੇਕ ਵਿਧਾਨ ਸਭਾ ਹਲਕੇ ਲਈ 9 ਸਟੈਟਿਕ ਸਰਵੇਲੈਂਸ ਟੀਮਾਂ ਜਦਕਿ ਫਤਹਿਗੜ੍ਹ ਸਾਹਿਬ ਸੰਸਦੀ ਹਲਕੇ ਦੇ ਅਧੀਨ ਪੰਜ ਟੀਮਾਂ ਨਿਰਧਾਰਤ ਕੀਤੀਆਂ ਗਈਆਂ ਨੇ। ਇਹ ਟੀਮਾਂ ਆਦਰਸ਼ ਚੋਣ ਜ਼ਾਬਤੇ ਨੂੰ ਸਖ਼ਤੀ ਨਾਲ ਲਾਗੂ ਕਰਨ ਵਿੱਚ ਚੋਣ ਕਮਿਸ਼ਨ ਦੀ ਸਹਾਇਤਾ ਕਰਨ ਲਈ ਜ਼ਿੰਮੇਵਾਰ ਨੇ ਅਤੇ ਚੋਣਾਂ ਦੇ ਮੁਕੰਮਲ ਹੋਣ ਤੱਕ ਕਾਰਜਸ਼ੀਲ

ਰਹਿਣਗੀਆਂ। ਜ਼ਿਲ੍ਹਾ ਚੋਣ ਅਫ਼ਸਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਇਨ੍ਹਾਂ ਟੀਮਾਂ ਦੀ ਅਗਵਾਈ ਕਾਰਜਕਾਰੀ ਮੈਜਿਸਟ੍ਰੇਟ ਸ਼ਕਤੀਆਂ ਵਾਲੇ ਅਧਿਕਾਰੀ ਕਰਦੇ ਨੇ ਅਤੇ ਰੋਜ਼ਾਨਾ ਆਪਣੀਆਂ ਗਤੀਵਿਧੀਆਂ ਨੂੰ ਰਿਕਾਰਡ ਕਰਨ ਲਈ ਪੁਲਿਸ ਅਧਿਕਾਰੀ ਅਤੇ ਵੀਡੀਓਗ੍ਰਾਫਰ ਸ਼ਾਮਲ ਹੁੰਦੇ ਨੇ।